ਮੀਰੀ-ਪੀਰੀ ਖਾਲਸਾ ਮਾਰਚ ਗੁ. ਸ੍ਰੀ ਕਟਾਣਾ ਸਾਹਿਬ ਤੋਂ ਸ੍ਰੀ ਚਮਕੌਰ ਸਾਹਿਬ ਲਈ ਰਵਾਨਾ

ਪੰਥ ਗੁਰੂ ਦਾ ਹੈ, ਜਿਸ ਨੂੰ ਕਦੇ ਵੀ ਕਮਜ਼ੋਰ ਨਹੀਂ ਕੀਤਾ ਜਾ ਸਕਦਾ : ਜਥੇ. ਗੜਗੱਜ

ਖਾਲਸਾ ਮਾਰਚ ਦੀ ਆਰੰਭਤਾ ਮੌਕੇ ਪੰਜ ਪਿਆਰਿਆਂ ਨਾਲ ਜਥੇ. ਕੁਲਦੀਪ ਸਿੰਘ ਗੜਗੱਜ, ਹਰਜਿੰਦਰ ਧਾਮੀ, ਪਰਮਜੀਤ ਸਿੰਘ ਢਿੱਲੋਂ, ਨਵਤੇਜ ਸਿੰਘ ਖੱਟੜਾ, ਮੈਨੇਜਰ ਕੇਹਰ ਸਿੰਘ ਤੇ ਹੋਰ। (ਧੌਰਾ)

ਦੌਰਾਹਾ/ਅੰਮ੍ਰਿਤਸਰ, 2 ਸਤੰਬਰ (ਰਣਧੀਰ ਧੀਰ, ਸਰਬਜੀਤ)-ਮੀਰੀ-ਪੀਰੀ ਖਾਲਸਾ ਮਾਰਚ ਦੂਸਰੇ ਪੜਾਅ ਤਹਿਤ ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਬੀਤੀ ਰਾਤ ਦੌਰਾਹਾ ਨੇੜੇ ਗੁਰਦੁਆਰਾ ਸ੍ਰੀ ਦੇਗਸਰ ਸਾਹਿਬ ਕਟਾਣਾ ਸਾਹਿਬ ਵਿਖੇ ਵਿਸ਼ਰਾਮ ਕਰਨ ਮਗਰੋਂ ਅੱਜ ਪੰਥਕ ਰਵਾਇਤਾਂ ਨਾਲ ਆਪਣੇ ਅਗਲੇ ਪੜਾਅ ਗੁਰਦੁਆਰਾ ਕਤਲਗੜ੍ਹ ਸਾਹਿਬ ਚਮਕੌਰ ਸਾਹਿਬ ਲਈ ਰਵਾਨਾ ਹੋਇਆ। ਖ਼ਾਲਸਾ ਮਾਰਚ ਦੀ ਆਰੰਭਤਾ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਰਹੀਆਂ। ਇਸ ਮੌਕੇ ਸਜੇ ਧਾਰਮਿਕ ਦੀਵਾਨ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਕਥਾ-ਵਿਚਾਰਾਂ ਦੀ ਸਾਂਝ ਪਾਈ ਅਤੇ ਗੁਰਮਤਿ ਅਨੁਸਾਰ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪੰਥ ਨੂੰ ਕਮਜ਼ੋਰ ਕਰਨ ਲਈ ਸਮੇਂ-ਸਮੇਂ 'ਤੇ ਬਹੁਤ ਸਾਰੀਆਂ ਚੁਣੌਤੀਆਂ ਅਤੇ ਸ਼ਾਜਿਸ਼ਾਂ ਸਾਹਮਣੇ ਆਉਂਦੀਆਂ ਹਨ ਪਰ ਇਹ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ ਕਿ ਪੰਥ ਗੁਰੂ ਦਾ ਹੈ, ਜਿਸ ਨੂੰ ਕਦੇ ਵੀ ਕਮਜ਼ੋਰ ਨਹੀਂ ਕੀਤਾ ਜਾ ਸਕਦਾ।

ਉਨ੍ਹਾਂ ਕਿਹਾ ਕਿ ਅੱਜ ਇਕ ਸ਼ਾਜਿਸ਼ ਤਹਿਤ ਸਾਡੀ ਨੌਜਵਾਨੀ ਨੂੰ ਨਸ਼ਿਆਂ 'ਤੇ ਲਾਇਆ ਜਾ ਰਿਹਾ ਹੈ, ਜਿਸ ਪ੍ਰਤੀ ਸੁਚੇਤ ਹੋਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਅੱਜ ਸ਼ਰੇਆਮ ਨਸ਼ੇ ਵਿਕ ਰਹੇ ਹਨ ਪਰ ਸਰਕਾਰਾਂ ਕੇਵਲ ਦਾਅਵਿਆਂ ਤਕ ਹੀ ਸੀਮਿਤ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਇਨ੍ਹਾਂ ਮਾਰੂ ਨਸ਼ਿਆਂ ਤੋਂ ਬਚਾਉਣ ਲਈ ਹੁਣ ਸਰਕਾਰ ਦੇ ਝੂਠੇ ਦਾਵਿਆਂ ਦੀ ਝਾਕ ਛੱਡ ਕੇ ਸਾਰਿਆਂ ਨੂੰ ਨਸ਼ੇ ਵਿਰੁੱਧ ਖੜ੍ਹਨਾ ਪਵੇਗਾ।

ਮੀਰੀ-ਪੀਰੀ ਖ਼ਾਲਸਾ ਮਾਰਚ ਦਾ ਮਕਸਦ ਗੁਰਮਤਿ ਪ੍ਰਚਾਰ ਦੇ ਨਾਲ-ਨਾਲ ਸੰਗਤਾਂ ਨੂੰ ਸਿੱਖ ਸਿਧਾਂਤਾਂ ਤੋਂ ਜਾਣੂ ਕਰਵਾਉਣਾ : ਐਡਵੋਕੇਟ ਧਾਮੀ

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਮੀਰੀ ਪੀਰੀ ਖ਼ਾਲਸਾ ਮਾਰਚ ਦਾ ਮਕਸਦ ਜਿਥੇ ਗੁਰਮਤਿ ਪ੍ਰਚਾਰ ਦੇ ਨਾਲ-ਨਾਲ ਸੰਗਤਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਧਾਂਤਾਂ ਤੋਂ ਜਾਣੂ ਕਰਵਾਉਣਾ ਹੈ, ਉਥੇ ਹੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਪ੍ਰੇਰਣਾ ਅਤੇ ਸਮਾਜਿਕ ਬੁਰਾਈਆਂ ਵਿਰੁੱਧ ਲਾਮਬੰਦ ਕਰਨਾ ਹੈ। ਉਨ੍ਹਾਂ ਕਿਹਾ ਕਿ ਮੀਰੀ ਪੀਰੀ ਇਕ ਸ਼ਬਦ ਹੀ ਨਹੀਂ ਸਗੋਂ ਸਿੱਖ ਜੀਵਨ ਦਾ ਬੁਨਿਆਦੀ ਸਿਧਾਂਤ ਹੈ। ਇਸ ਸਿਧਾਂਤ ਨਾਲ ਗੁਰੂ ਸਾਹਿਬ ਨੇ ਸਾਨੂੰ ਅਧਿਆਤਮਿਕਤਾ ਦੇ ਨਾਲ-ਨਾਲ ਸਮਾਜਿਕ ਜਿੰਮੇਵਾਰੀ ਨਿਭਾਉਣ ਅਤੇ ਸੱਚ ਲਈ ਖੜ੍ਹੇ ਹੋਣ ਦਾ ਮਾਰਗ ਦਿਖਾਇਆ। ਇਸ ਸਿਧਾਂਤ ਤੇ ਪਹਿਰਾ ਦੇਣਾ ਹਰ ਸਿੱਖ ਦਾ ਫਰਜ਼ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਲਿਆਣ, ਜਥੇ. ਰਘਬੀਰ ਸਿੰਘ ਸਹਾਰਨਮਾਜਰਾ, ਇੰਜੀ. ਜਗਦੇਵ ਸਿੰਘ ਬੋਪਾਰਾਏ, ਹਲਕਾ ਇੰਚਾਰਜ ਮਨਜੀਤ ਸਿੰਘ ਮਦਨੀਪੁਰ, ਪਰਮਜੀਤ ਸਿੰਘ ਢਿੱਲੋਂ, ਬਾਬਾ ਬੂਟਾ ਸਿੰਘ, ਰਣਜੀਤ ਸਿੰਘ ਮੰਗਲੀ, ਜਥੇ. ਦਵਿੰਦਰ ਸਿੰਘ ਖੱਟੜਾ, ਸੁਰਜੀਤ ਸਿੰਘ ਪੰਧੇਰ, ਪਰਮਿੰਦਰ ਸਿੰਘ ਪਾਇਲ, ਬਾਬਾ ਗੁਰਦੇਵ ਸਿੰਘ, ਰਾਜਨ ਸਿੰਘ ਲੁਧਿਆਣਾ, ਨਵਤੇਜ ਸਿੰਘ ਖੱਟੜਾ ਆਬਜ਼ਰਵਰ ਹਲਕਾ ਸਮਰਾਲਾ, ਹਰਜਤਿੰਦਰ ਸਿੰਘ ਪੁਵਾਤ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਵਧੀਕ ਸਕੱਤਰ ਭਗਵੰਤ ਸਿੰਘ ਧੰਗੇੜਾ, ਮੈਨੇਜਰ ਕੇਹਰ ਸਿੰਘ, ਗੁਰਦੁਆਰਾ ਮੰਜੀ ਸਾਹਿਬ ਕੌਣਾਂ ਦੇ ਮੈਨੇਜਰ ਇਕਬਾਲ ਸਿੰਘ ਝਬਾਲ, ਭਾਈ ਸਤਨਾਮ ਸਿੰਘ, ਮੈਨੇਜਰ ਜਸਬੀਰ ਸਿੰਘ ਮਾਛੀਵਾੜਾ ਸਾਹਿਬ ਚੰਚਲਪ੍ਰੀਤ ਸਿੰਘ ਮੈਨੇਜਰ ਰਾਮਪੁਰ ਨਿਸ਼ਾਨ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਰਣਜੀਤ ਸਿੰਘ ਪਾਇਲ, ਭਾਈ ਜਸਵੀਰ ਸਿੰਘ ਲੋਪੋਂ, ਚੇਅਰਮੈਨ ਹਰਜੀਤ ਸਿੰਘ ਰਾਮਪੁਰ , ਭਾਈ ਪਰਮਜੀਤ ਸਿੰਘ ਗੁਰਦਾਸਪੁਰ, ਨਵਨੀਤ ਸਿੰਘ ਰਾਮਪੁਰ, ਭਾਈ ਗੁਰਪ੍ਰੀਤ ਸਿੰਘ ਰੁਪਾਲੋਂ, ਆੜਤੀ ਜਗਦੀਸ਼ ਸਿੰਘ, ਰਾਜਿੰਦਰ ਸਿੰਘ ਪਨੇਚ, ਕਿੰਗੀ ਸਿੰਘ, ਮਨਦੀਪ ਸਿੰਘ ਖ਼ਾਲਸਾ ਤੇ ਹਰਜੀਤ ਸਿੰਘ ਜਟਾਣਾ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

ਸ਼੍ਰੋਮਣੀ ਕਮੇਟੀ ਦੇ ਵਫ਼ਦ ਵੱਲੋਂ ਨੇਪਾਲ 'ਚ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ

ਨੇਪਾਲ ਦੇ ਗ੍ਰਹਿ ਮੰਤਰੀ ਨਾਲ ਵੀ ਕੀਤੀ ਮੁਲਾਕਾਤ

ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਜਾਇਜ਼ਾ ਲੈਣ ਮੌਕੇ ਭਾਈ ਗੰਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਤੇ ਮੀਤ ਸਕੱਤਰ ਆਜ਼ਾਦ ਦੀਪ ਸਿੰਘ। (ਸਰਬਜੀਤ)

ਅੰਮ੍ਰਿਤਸਰ, 2 ਸਤੰਬਰ (ਸਰਬਜੀਤ)- ਨੇਪਾਲ 'ਚ ਭਿਆਨਕ ਹੜ੍ਹਾਂ ਨਾਲ ਪ੍ਰਭਾਵਿਤ ਹੋਏ ਲੋਕਾਂ ਦੀ ਮਦਦ ਲਈ ਨੇਪਾਲ ਗਏ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਫ਼ਦ ਨੇ ਪ੍ਰਭਾਵਿਤ ਖੇਤਰ ਬਿਦੂਰ ਦਾ ਦੌਰਾ ਕਰਦਿਆਂ ਸਥਾਨਕ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਅਤੇ ਲੋੜਾਂ ਬਾਰੇ ਜਾਣਕਾਰੀ ਹਾਸਲ ਕੀਤੀ। ਸ਼੍ਰੋਮਣੀ ਕਮੇਟੀ ਵਫ਼ਦ ਨੇ ਨੇਪਾਲ ਦੇ ਗ੍ਰਹਿ ਮੰਤਰੀ ਮਿਸਟਰ ਸੂਦਨ ਅਤੇ ਗ੍ਰਹਿ ਵਿਭਾਗ ਦੇ ਚੀਫ਼ ਐਗਜ਼ੀਕਿਊਟਿਵ ਡਾ. ਦਰਸ਼ਨ ਰਾਜ ਨਾਲ ਵੀ ਮੁਲਾਕਾਤ ਕੀਤੀ ਅਤੇ ਲੋੜਵੰਦਾਂ ਦੀ ਮਦਦ ਲਈ ਸਾਮਾਨ ਲਿਆਉਣ ਲਈ ਰਸਤਾ ਖੋਲ੍ਹਣ ਅਤੇ ਲੋੜੀਂਦੀ ਪ੍ਰਵਾਨਗੀ ਦੇਣ ਲਈ ਆਖਿਆ। ਸ਼੍ਰੋਮਣੀ ਕਮੇਟੀ ਦੀ ਇਸ ਅਪੀਲ ਨੂੰ ਪ੍ਰਸ਼ਾਸਨ ਨੇ ਪ੍ਰਵਾਨ ਕਰਦਿਆਂ ਜ਼ਰੂਰੀ ਨਿਰਦੇਸ਼ ਜਾਰੀ ਕੀਤੇ ਹਨ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨੇਪਾਲ ਗਏ ਵਫ਼ਦ 'ਚ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਤੇ ਮੀਤ ਸਕੱਤਰ ਆਜ਼ਾਦ ਦੀਪ ਸਿੰਘ ਸ਼ਾਮਲ ਹਨ।

ਨੇਪਾਲ ਤੋਂ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਦੱਸਿਆ ਕਿ ਅੱਜ ਬਿਦੂਰ ਇਲਾਕੇ 'ਚ ਪਹੁੰਚ ਕੇ ਜਦੋਂ ਅਸੀਂ ਇਸ ਤਬਾਹੀ ਨੂੰ ਆਪਣੀਆਂ ਅੱਖਾਂ ਨਾਲ ਦੇਖਿਆ ਤਾਂ ਇਸ ਦੀ ਗੰਭੀਰਤਾ ਦਾ ਅਹਿਸਾਸ ਹੋਰ ਵੀ ਡੂੰਘਾ ਹੋਇਆ। ਇੱਥੇ ਅਸੀਂ ਸਥਾਨਕ ਪ੍ਰਸ਼ਾਸਨ ਅਤੇ ਪ੍ਰਭਾਵਿਤ ਲੋਕਾਂ ਨਾਲ ਗੱਲਬਾਤ ਕਰ ਕੇ ਉਨ੍ਹਾਂ ਨੂੰ ਕਿਸ ਤਰ੍ਹਾਂ ਦੀ ਸਹਾਇਤਾ ਦੀ ਸਭ ਤੋਂ ਵੱਧ ਲੋੜ ਹੈ ਬਾਰੇ ਜਾਣਕਾਰੀ ਲਈ।

ਉਨ੍ਹਾਂ ਦੱਸਿਆ ਕਿ ਬੀਤੇ ਦਿਨ ਸਾਡੀ ਨੇਪਾਲ ਦੇ ਗ੍ਰਹਿ ਮੰਤਰੀ ਅਤੇ ਵਿੱਤ ਮੰਤਰੀ ਨਾਲ ਵੀ ਮੁਲਾਕਾਤ ਹੋਈ ਸੀ। ਉਨ੍ਹਾਂ ਦੇ ਸੱਦੇ 'ਤੇ ਅਸੀਂ ਬਿਦੂਰ ਪਹੁੰਚੇ ਤਾਂ ਜੋ ਰਾਹਤ ਕਾਰਜਾਂ ਨੂੰ ਸੁਚੱਜੇ ਢੰਗ ਨਾਲ ਅੱਗੇ ਵਧਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇੱਥੇ ਪ੍ਰਸ਼ਾਸਨ ਅਤੇ ਪ੍ਰਭਾਵਿਤ ਲੋਕਾਂ ਨਾਲ ਤਾਲਮੇਲ ਕੀਤਾ ਗਿਆ ਹੈ ਤਾਂ ਜੋ ਉਨ੍ਹਾਂ ਦੀਆਂ ਜ਼ਰੂਰਤਾਂ ਦਾ ਜਾਇਜ਼ਾ ਲੈਣ ਉਪਰੰਤ ਸ਼੍ਰੋਮਣੀ ਕਮੇਟੀ ਵੱਲੋਂ ਰਾਹਤ ਅਤੇ ਸਹਾਇਤਾ ਕਾਰਜਾਂ 'ਚ ਆਪਣਾ ਪੂਰਾ ਯੋਗਦਾਨ ਪਾਇਆ ਜਾ ਸਕੇ। ਇਸ ਮੌਕੇ ਨੇਪਾਲ ਦੇ ਸਿੱਖ ਆਗੂ ਅੰਗਦ ਸਿੰਘ ਅਤੇ ਹਰਪਾਲ ਸਿੰਘ ਵੀ ਹਾਜ਼ਰ ਸਨ।

ਈ. ਡੀ. ਦੇ ਅਲਟੀਮੇਟਮ ਬਾਅਦ ਵੀ ਮੂਕ ਦਰਸ਼ਕ ਬਣੀ ਪੰਜਾਬ ਪੁਲਸ : ਚੁੱਘ

ਚੰਡੀਗੜ੍ਹ, 2 ਸਤੰਬਰ (ਅਰਚਨਾ, ਅੰਕੁਰ)- ਰਾਜ ਸਭਾ ਮੈਂਬਰ ਤਰੁਣ ਚੁੱਘ ਨੇ ਕਿਹਾ ਕਿ ਪੰਜਾਬ 'ਚ ਮੁੱਖ ਮੰਤਰੀ ਦਫਤਰ (ਸੀ. ਐੱਮ. ਓ.) ਖਿਲਾਫ ਈ. ਡੀ. ਦੀ ਜਾਂਚ ਸਿਰਫ 'ਭ੍ਰਿਸ਼ਟਾਚਾਰ' ਦਾ ਮਾਮਲਾ ਨਹੀਂ ਹੈ, ਇਹ ਇਸ ਗੱਲ ਨੂੰ ਉਜਾਗਰ ਕਰਦੀ ਹੈ ਕਿ ਕਿਵੇਂ ਸੂਬੇ ਦੀ ਵਿਵਸਥਾ ਨੂੰ ਇਕ ਕਥਿਤ ਮਾਫੀਆ ਨੇ ਆਪਣੇ ਕਬਜ਼ੇ 'ਚ ਲੈ ਲਿਆ ਹੈ। ਚੁੱਘ ਨੇ ਦੋਸ਼ ਲਾਇਆ ਕਿ ਸਰਕਾਰ 'ਚ ਬਦਲਾਅ ਦੀਆਂ ਗੱਲਾਂ ਸਿਰਫ 'ਫਰਜ਼ੀ' ਹਨ, ਜਦਕਿ ਮਨੀ ਲਾਂਡਰਿੰਗ ਅਤੇ ਜ਼ਮੀਨੀ ਠੇਕਿਆਂ 'ਚ ਹੇਰਾਫੇਰੀ ਲਈ 'ਫੋਰਟੈੱਕ ਵੈੱਬ ਸਾਲਿਊਸ਼ਨ' ਵਰਗੀਆਂ ਫਰਜ਼ੀ ਕੰਪਨੀਆਂ ਦਾ ਇਹ ਕਥਿਤ ਤੰਤਰ ਇਸਤੇਮਾਲ ਕਰ ਰਿਹਾ ਸੀ, ਜਿਸ ਦੇ ਸਬੂਤ ਵ੍ਹਟਸਐਪ ਚੈਟ ਵਿਚ ਸਪੱਸ਼ਟ ਤੌਰ 'ਤੇ ਦੇਖੇ ਜਾ ਸਕਦੇ ਹਨ।

ਉਨ੍ਹਾਂ ਕਿਹਾ ਕਿ ਈ. ਡੀ. ਨੇ ਹੁਣ ਇਕ ਸਖ਼ਤ ਅਲਟੀਮੇਟਮ ਜਾਰੀ ਕੀਤਾ ਹੈ, ਫਿਰ ਵੀ ਪੰਜਾਬ ਪੁਲਸ ਮੂਕਦਰਸ਼ਕ ਬਣੀ ਹੋਈ ਹੈ। ਸਬੂਤ ਸਪੱਸ਼ਟ ਹਨ, ਸਮਾਂ ਘਟਦਾ ਜਾ ਰਿਹਾ ਹੈ ਅਤੇ ਪੰਜਾਬ ਦੀ ਜਨਤਾ ਦੀਆਂ ਨਜ਼ਰਾਂ ਹੁਣ ਮੁੱਖ ਮੰਤਰੀ 'ਤੇ ਟਿਕੀਆਂ ਹੋਈਆਂ ਹਨ।

ਉੱਥੇ ਹੀ ਚੁੱਘ ਨੇ ਸਾਲ 1984 ਦੇ ਸਿੱਖ ਵਿਰੋਧੀ ਦੰਗਿਆਂ ਦੇ ਪੀੜਤਾਂ ਨੂੰ ਇਨਸਾਫ ਦਿਵਾਉਣ ਲਈ ਮੋਦੀ ਸਰਕਾਰ ਦੀਆਂ ਕੋਸ਼ਿਸ਼ਾਂ ਨੂੰ ਉਜਾਗਰ ਕਰਦਿਆਂ ਕਿਹਾ ਕਿ ਨਤੀਜੇ ਵਜੋਂ ਸੱਜਣ ਕੁਮਾਰ ਨੂੰ ਦੋਸ਼ੀ ਠਹਿਰਾਇਆ ਗਿਆ ਅਤੇ ਕਈ ਹੋਰ ਲੋਕ ਕਟਹਿਰੇ 'ਚ ਹਨ। ਉਨ੍ਹਾਂ ਕਿਹਾ ਕਿ ਸਾਲ 1984 ਦੀ ਸਿੱਖ ਵਿਰੋਧੀ ਨਸਲਕੁਸ਼ੀ ਦੇ ਪੀੜਤਾਂ ਦੇ ਨਾਂ 'ਤੇ 'ਆਪ' ਸਰਕਾਰ ਨੇ ਸਿਆਸੀ ਡਰਾਮਾ ਕੀਤਾ, ਜਦੋਂ ਕਿ ਪੀੜਤ ਪਰਿਵਾਰਾਂ ਨਾਲ ਆਪਣੇ ਮੈਨੀਫੈਸਟੋ ਦੇ ਵਾਅਦੇ ਪੂਰੇ ਕਰਨ 'ਚ ਨਾਕਾਮ ਰਹੀ।

ਦਫਤਰ ਜਿਲਾ ਪ੍ਰੀਸ਼ਦ, ਗੁਰਦਾਸਪੁਰ
ਨੋਟਿਸ

ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਮਾਨਯੋਗ ਚੇਅਰਪਰਸਨ ਜਿਲ੍ਹਾ ਪ੍ਰੀਸ਼ਦ ਗੁਰਦਾਸਪੁਰ ਲਈ ਇਨੋਵਾ ਗੱਡੀ ਟਰਾਂਸਪੋਰਟ ਵਿਭਾਗ ਦੀਆ ਹਦਾਇਤਾਂ ਅਨੁਸਾਰ ਕਿਰਾਏ ਤੇ ਹਾਇਰ ਕੀਤੀ ਜਾਣੀ ਹੈ। ਇਸ ਸਬੰਧੀ ਮਿਤੀ 18.09.2026 ਤੱਕ ਕੁਟੇਸ਼ਨਾਂ ਦਫਤਰ ਜਿਲ੍ਹਾ ਪ੍ਰੀਸ਼ਦ ਵਿਖੇ ਪ੍ਰਾਪਤ ਕੀਤੀਆ ਜਾਣਗੀਆ। ਕੋਈ ਵੀ ਚਾਹਵਾਨ ਵਿਅਕਤੀ 18.09.2026 ਤੱਕ ਮੁੱਖ ਕਾਰਜਕਾਰੀ ਅਫਸਰ ਜਿਲ੍ਹਾ ਪ੍ਰੀਸ਼ਦ ਗੁਰਦਾਸਪੁਰ ਦੇ ਨਾਂ ਤੇ ਦਫਤਰ ਜਿਲ੍ਹਾ ਪ੍ਰੀਸ਼ਦ ਗੁਰਦਾਸਪੁਰ ਵਿਖੇ ਕੁਟੇਸ਼ਨ ਦੇ ਸਕਦਾ ਹੈ। ਇਸ ਸਬੰਧੀ ਹੋਰ ਸ਼ਰਤਾਂ ਦੀ ਜਾਣਕਾਰੀ ਦਫਤਰੀ ਕੰਮ ਵਾਲੇ ਦਿਨ ਜਿਲ੍ਹਾ ਪ੍ਰੀਸ਼ਦ ਤੋ ਪ੍ਰਾਪਤ ਕੀਤੀ ਜਾ ਸਕਦੀ ਹੈ।

ਉਪ ਮੁੱਖ ਕਾਰਜਕਾਰੀ ਅਫਸਰ
ਜਿਲ੍ਹਾ ਪ੍ਰੀਸ਼ਦ, ਗੁਰਦਾਸਪੁਰ।

ਆਪ੍ਰੇਸ਼ਨ 'ਸੰਪਰਕ' ਜ਼ਰੀਏ ਨਾਗਰਿਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਸੁਣ ਰਹੀ ਹੈ ਪੁਲਸ : ਗਿੱਲ

ਕਿਹਾ-ਬੱਚਿਆਂ ਨੂੰ ਨਸ਼ੇ, ਅਪਰਾਧ ਅਤੇ ਸਮਾਜ ਵਿਰੋਧੀ ਗਤੀਵਿਧੀਆਂ ਤੋਂ ਦੂਰ ਰੱਖਣ ਮਾਪੇ

ਜਲੰਧਰ, 2 ਸਤੰਬਰ (ਧਵਨ)-ਪੰਜਾਬ ਪੁਲਸ ਵੱਲੋਂ ਆਪ੍ਰੇਸ਼ਨ 'ਸੰਪਰਕ' ਦੇ ਤਹਿਤ ਸ਼ਹਿਰਾਂ ਦੇ ਲੋਕਾਂ ਨਾਲ ਸਿੱਧਾ ਸੰਵਾਦ ਸਥਾਪਿਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ, ਜਨਤਕ ਚਿੰਤਾਵਾਂ ਦਾ ਹੱਲ ਕਰਨ ਅਤੇ ਪੁਲਸ ਤੇ ਆਮ ਜਨਤਾ ਵਿਚਕਾਰ ਬਿਹਤਰ ਤਾਲਮੇਲ ਕਾਇਮ ਕਰਨ ਦੀ ਮੁਹਿੰਮ ਚਲਾਈ ਜਾ ਰਹੀ ਹੈ। ਇਸ ਪਹਿਲਕਦਮੀ ਦਾ ਮਕਸਦ ਨਾਗਰਿਕਾਂ ਨੂੰ ਪੁਲਸ ਨਾਲ ਜੋੜ ਕੇ ਸ਼ਹਿਰਾਂ ਵਿਚ ਸੁਰੱਖਿਆ ਵਿਵਸਥਾ ਨੂੰ ਹੋਰ ਮਜ਼ਬੂਤ ਕਰਨਾ ਅਤੇ ਅਪਰਾਧਾਂ ਦੀ ਰੋਕਥਾਮ ਵਿਚ ਆਮ ਲੋਕਾਂ ਦੀ ਭਾਈਵਾਲੀ ਯਕੀਨੀ ਬਣਾਉਣਾ ਹੈ।

ਅੰਮ੍ਰਿਤਸਰ ਦੇ ਪੁਲਸ ਕਮਿਸ਼ਨਰ ਹਰਮਨਬੀਰ ਸਿੰਘ ਗਿੱਲ ਨੇ ਕਿਹਾ ਕਿ ਪੁਲਸ ਦਾ ਮਕਸਦ ਸਿਰਫ ਅਪਰਾਧ ਹੋਣ ਤੋਂ ਬਾਅਦ ਕਾਰਵਾਈ ਕਰਨਾ ਨਹੀਂ, ਸਗੋਂ ਲੋਕਾਂ ਨਾਲ ਨਿਰੰਤਰ ਸੰਪਰਕ ਬਣਾ ਕੇ ਅਪਰਾਧਾਂ ਨੂੰ ਪਹਿਲਾਂ ਹੀ ਰੋਕਣਾ ਹੈ। ਪੁਲਸ ਅਤੇ ਜਨਤਾ ਵਿਚਕਾਰ ਵਿਸ਼ਵਾਸ ਤੇ ਸਹਿਯੋਗ ਜਿੰਨਾ ਮਜ਼ਬੂਤ ਹੋਵੇਗਾ, ਸ਼ਹਿਰ ਦੀ ਸੁਰੱਖਿਆ ਵਿਵਸਥਾ ਓਨੀ ਹੀ ਪ੍ਰਭਾਵਸ਼ਾਲੀ ਹੋਵੇਗੀ।

ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਨਾਬਾਲਗਾਂ ਵੱਲੋਂ ਕੀਤੇ ਜਾਣ ਵਾਲੇ ਅਪਰਾਧਾਂ ਸਬੰਧੀ ਮਾਪਿਆਂ ਦੀ ਜ਼ਿੰਮੇਵਾਰੀ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਜੇਕਰ ਕੋਈ ਨਾਬਾਲਗ ਕਿਸੇ ਅਪਰਾਧ ਵਿਚ ਸ਼ਾਮਲ ਪਾਇਆ ਜਾਂਦਾ ਹੈ ਤਾਂ ਉਸ ਦੇ ਮਾਤਾ-ਪਿਤਾ ਜਾਂ ਸਰਪ੍ਰਸਤਾਂ ਨੂੰ ਅੱਗੇ ਆ ਕੇ ਪੁਲਸ ਨਾਲ ਸਹਿਯੋਗ ਕਰਨਾ ਚਾਹੀਦਾ ਹੈ।

ਅਜਿਹੇ ਮਾਮਲਿਆਂ ਵਿਚ ਪੁਲਸ ਦਾ ਨਜ਼ਰੀਆ ਸੰਵੇਦਨਸ਼ੀਲ ਅਤੇ ਸੁਧਾਰਾਤਮਕ ਰਹੇਗਾ